15ਵੀਂ ਵਿਧਾਨ ਸਭਾ
ਤੇਰ੍ਹਵਾਂ (ਵਿਸ਼ੇਸ਼) ਸਮਾਗਮ, 2020

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 3

**ਬੁਧਵਾਰ, 21 ਅਕਤੂਬਰ, 2020**
**(11.00 ਵਜੇ ਸਵੇਰ ਤੋਂ 12.20 ਬਾਅਦ ਦੁਪਹਿਰ ਤੱਕ)**

1. **ਨਿਯਮ 16 ਅਧੀਨ ਪ੍ਰਸਤਾਵ**

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

2. **ਵਿਧਾਨਕ ਕੰਮ-ਕਾਰ**

1. **ਦੀ ਪੰਜਾਬ ਭੌਂਦੇਦਾਰ, ਬੂਟੇਮਾਰ, ਦੋਹਲੀਦਾਰ, ਇੰਸਾਰ ਮਿਆਦੀ, ਮੁਕਰਰਾੜੀਦਾਰ, ਮੁੰਧੀਮਾਰ, ਪਨਾਹੀ ਕਾਦੀਮ, ਸੌਂਜੀਦਾਰ ਜਾਂ ਤਰੱੜਧਕਾਰ (ਮਾਲਕਾਨਾ ਅਧਿਕਾਰ ਦੇਣਾ) ਬਿਲ, 2020**

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਮੰਤਰੀ ਨੇ "ਦੀ ਪੰਜਾਬ ਭੌਂਦੇਦਾਰ, ਬੂਟੇਮਾਰ, ਦੋਹਲੀਦਾਰ, ਇੰਸਾਰ ਮਿਆਦੀ, ਮੁਕਰਰਾੜੀਦਾਰ, ਮੁੰਧੀਮਾਰ, ਪਨਾਹੀ ਕਾਦੀਮ, ਸੌਂਜੀਦਾਰ ਜਾਂ ਤਰੱੜਧਕਾਰ (ਮਾਲਕਾਨਾ ਅਧਿਕਾਰ ਦੇਣਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 02 ਮਿੰਟ |
| 2. | ਸਰਦਾਰ ਬਲਬੀਰ ਸਿੰਘ ਸਿੱਧੂ, ਸਿਹਤ ਅਤੇ ਪਰਿਵਾਰ ਭਲਾਈ ਅਤੇ ਕਿਰਤ ਮੰਤਰੀ | 01 ਮਿੰਟ |
| 3. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 4. | ਸ਼੍ਰੀ ਹਰਦਿਆਲ ਸਿੰਘ ਕੰਬੋਜ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 5. | ਸਰਦਾਰ ਸਾਧੂ ਸਿੰਘ, ਭਲਾਈ ਮੰਤਰੀ | 03 ਮਿੰਟ |
| 6. | ਸ਼੍ਰੀ ਜੈ ਕ੍ਰਿਸ਼ਨ ਸਿੰਘ ਰੋੜੀ, ਆਮ ਆਦਮੀ ਪਾਰਟੀ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 12 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਪੰਜਾਬ ਭੌਂਦੇਦਾਰ, ਬੂਟੇਮਾਰ, ਦੋਹਲੀਦਾਰ, ਇੰਸਾਰ ਮਿਆਦੀ, ਮੁਕਰਰਾੜੀਦਾਰ, ਮੁੰਧੀਮਾਰ, ਪਨਾਹੀ ਕਾਦੀਮ, ਸੌਂਜੀਦਾਰ ਜਾਂ ਤਰੱੜਧਕਾਰ (ਮਾਲਕਾਨਾ ਅਧਿਕਾਰ ਦੇਣਾ) ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2. **ਦੀ ਪੰਜਾਬ ਰਾਜ ਚੌਕਸੀ ਕਮਿਸ਼ਨ ਬਿਲ, 2020**

ਮਾਨਯੋਗ ਮੁੱਖ ਮੰਤਰੀ ਨੇ "ਦੀ ਪੰਜਾਬ ਰਾਜ ਚੌਕਸੀ ਕਮਿਸ਼ਨ ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 24 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਨਯੋਗ ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਪੰਜਾਬ ਰਾਜ ਚੌਕਸੀ ਕਮਿਸ਼ਨ ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. **ਦੀ ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2020**

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਨੇ "ਦੀ ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

4. **ਦੀ ਪੰਜਾਬ ਟਿਸ਼ੂ ਕਲਚਰ ਬੇਸਡ ਸੀਡ ਪਟੈਟੋ ਬਿਲ, 2020**

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਨੇ "ਦੀ ਪੰਜਾਬ ਟਿਸ਼ੂ ਕਲਚਰ ਬੇਸਡ ਸੀਡ ਪਟੈਟੋ ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਸ਼ਡਿਊਲ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਟਿਸ਼ੂ ਕਲਚਰ ਬੇਸਡ ਸੀਡ ਪਟੈਟੋ ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5. **ਦੀ ਪੰਜਾਬ ਭੌਂ ਮਾਲੀਆ (ਸੋਧਨਾ) ਬਿਲ, 2020**

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਨੇ "ਦੀ ਪੰਜਾਬ ਭੌਂ ਮਾਲੀਆ (ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 2. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 01 ਮਿੰਟ |
| 3. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 04 ਮਿੰਟ |
| 4. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 03 ਮਿੰਟ |
| 5. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 20 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਪੰਜਾਬ ਭੌਂ ਮਾਲੀਆ (ਸੋਧਨਾ) ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

6. **ਦੀ ਪੰਜਾਬ (ਭੂਮੀਹੀਣ, ਘੱਟ ਜ਼ਮੀਨ ਵਾਲੇ ਅਤੇ ਛੋਟੇ ਕਿਸਾਨਾਂ ਦੀ ਭਲਾਈ ਅਤੇ ਸੈਟਲਮੈਂਟ) ਅਲਾਟਮੈਂਟ ਆਫ਼ ਸਟੇਟ ਗੌਰਮਿੰਟ ਲੈਂਡ ਬਿਲ, 2020**

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਨੇ "ਦੀ ਪੰਜਾਬ (ਭੂਮੀਹੀਣ, ਘੱਟ ਜ਼ਮੀਨ ਵਾਲੇ ਅਤੇ ਛੋਟੇ ਕਿਸਾਨਾਂ ਦੀ ਭਲਾਈ ਅਤੇ ਸੈਟਲਮੈਂਟ) ਅਲਾਟਮੈਂਟ ਆਫ਼ ਸਟੇਟ ਗੌਰਮਿੰਟ

ਲੈਂਡ ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਰਾਣਾ ਗੁਰਮੀਤ ਸਿੰਘ ਸੋਢੀ, ਖੇਡਾਂ ਤੇ ਯੁਵਕ ਸੇਵਾਵਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ | 03 ਮਿੰਟ |
| 2. | ਡਾ. ਸੁਖਵਿੰਦਰ ਕੁਮਾਰ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 3. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 4. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 5. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 03 ਮਿੰਟ |
| 6. | ਸ਼੍ਰੀਮਤੀ ਰਜ਼ਿਆ ਸੁਲਤਾਨਾ, ਟਰਾਂਸਪੋਰਟ ਮੰਤਰੀ | 01 ਮਿੰਟ |
| 7. | ਸਰਦਾਰ ਪਰਮਿੰਦਰ ਸਿੰਘ ਪਿੰਕੀ,ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |

ਬਹਿਸ ਦਾ ਜਵਾਬ ਦਿੰਦੇ ਹੋਏ ਮਾਲ ਅਤੇ ਪੁਨਰਵਾਸ ਮੰਤਰੀ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 3 ਸੋਧ ਅਨੁਸਾਰ, ਕਲਾਜ਼ਾਂ 4 ਤੋਂ 18 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਗੁਰਪ੍ਰੀਤ ਸਿੰਘ ਕਾਂਗੜ, ਮਾਲ ਅਤੇ ਪੁਨਰਵਾਸ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਪੰਜਾਬ (ਭੂਮੀਹੀਣ, ਘੱਟ ਜ਼ਮੀਨ ਵਾਲੇ ਅਤੇ ਛੋਟੇ ਕਿਸਾਨਾਂ ਦੀ ਭਲਾਈ ਅਤੇ ਸੈਟਲਮੈਂਟ) ਅਲਾਟਮੈਂਟ ਆਫ਼ ਸਟੇਟ ਗੌਰਮਿੰਟ ਲੈਂਡ_ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸੋਧ ਅਨੁਸਾਰ ਪ੍ਰਵਾਨ ਹੋਇਆ।

7. **ਦੀ ਫੈਕਟਰੀਜ਼ (ਪੰਜਾਬ ਸੋਧਨਾ) ਬਿਲ, 2020**

ਸਰਦਾਰ ਬਲਬੀਰ ਸਿੰਘ ਸਿੱਧੂ, ਕਿਰਤ ਅਤੇ ਪੁਨਰਵਾਸ ਮੰਤਰੀ ਨੇ "ਦੀ ਫੈਕਟਰੀਜ਼ (ਪੰਜਾਬ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 6 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਰਦਾਰ ਬਲਬੀਰ ਸਿੰਘ ਸਿੱਧੂ, ਕਿਰਤ ਅਤੇ ਪੁਨਰਵਾਸ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਫੈਕਟਰੀਜ਼ (ਪੰਜਾਬ ਸੋਧਨਾ) ਬਿਲ, 2020 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. **ਵਾਕ ਆਊਟ**

1. ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਾਹਿਬਾਨ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਵਿਰੁੱਧ ਪੋਸਟ ਮੈਟ੍ਰਿਕ ਸਕਾਲਰਸ਼ਿਪ ਵਿਚ ਹੋਏ ਘਪਲਿਆਂ ਦੇ ਦੋਸ਼ ਲਗਾਉਂਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਵਿਰੋਧੀ ਧਿਰ ਦੇ ਨੇਤਾ ਵੱਲੋਂ ਚੇਅਰ ਦੀ ਸ਼ਾਨ ਦੇ ਖਿਲਾਫ ਗੈਰ-ਮਰਿਆਦਤ ਭਾਸ਼ਾ ਬੋਲਣ ਕਾਰਨ ਸਦਨ ਵਿੱਚ ਵਾਪਰੇ ਸ਼ੋਰ-ਸ਼ਰਾਬੇ ਦੌਰਾਨ ਸਰਦਾਰ ਸੁਖਪਾਲ ਸਿੰਘ ਖਹਿਰਾ, ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਨਾਜਰ ਸਿੰਘ ਮਾਨਸ਼ਾਹੀਆ ਅਤੇ ਸਰਦਾਰ ਜਗਦੇਵ ਸਿੰਘ ਕਮਾਲੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਾਹਿਬਾਨ ਸਦਨ ਵਿਚੋਂ ਵਾਕ ਆਊਟ ਕਰ ਗਏ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

**ਚੰਡੀਗੜ੍ਹ:** **ਸ਼ਸ਼ੀ ਲਖਨਪਾਲ ਮਿਸ਼ਰਾ,**
**21 ਅਕਤੂਬਰ, 2020** **ਸਕੱਤਰ ।**